ਸਾਰਗ ਮਹਲਾ ੪ ॥ ਜਪਿ ਮਨ ਰਾਮ ਨਾਮੁ ਪੜ੍ਹੁ ਸਾਰੁ ॥ ਰਾਮ ਨਾਮ ਬਿਨੁ ਥਿਰੁ ਨਹੀ ਕੋਈ ਹੋਰੁ ਨਿਹਫਲ ਸਭੁ ਬਿਸਥਾਰੁ ॥੧॥ ਰਹਾਉ ॥ ਕਿਆ ਲੀਜੈ ਕਿਆ ਤਜੀਐ ਬਉਰੇ ਜੋ ਦੀਸੈ ਸੋ ਛਾਰੁ ॥ ਜਿਸੁ ਬਿਖਿਆ ਕਉ ਤੁਮ੍ ਅਪੁਨੀ ਕਰਿ ਜਾਨਹੁ ਸਾ ਛਾਡਿ ਜਾਹੁ ਸਿਰਿ ਭਾਰੁ ॥੧॥ ਤਿਲੁ ਤਿਲੁ ਪਲੁ ਪਲੁ ਅਉਧ ਫੁਨਿ ਘਾਟੈ ਬੂਝਿ ਨ ਸਕੈ ਗਵਾਰੁ ॥ ਸੋ ਕਿਛੁ ਕਰੈ ਜਿ ਸਾਥਿ ਨ ਚਾਲੈ ਇਹੁ ਸਾਕਤ ਕਾ ਆਚਾਰੁ ॥੨॥ ਸੰਤ ਜਨਾ ਕੈ ਸੰਗਿ ਮਿਲੁ ਬਉਰੇ ਤਉ ਪਾਵਹਿ ਮੋਖ ਦੁਆਰੁ ॥ ਬਿਨੁ ਸਤਸੰਗ ਸੁਖੁ ਕਿਨੈ ਨ ਪਾਇਆ ਜਾਇ ਪੂਛਹੁ ਬੇਦ ਬੀਚਾਰੁ ॥ ੩॥ ਰਾਣਾ ਰਾਉ ਸਭੈ ਕੋਊ ਚਾਲੈ ਝੂਠੁ ਛੋਡਿ ਜਾਇ ਪਾਸਾਰੁ ॥ ਨਾਨਕ ਸੰਤ ਸਦਾ ਥਿਰੁ ਨਿਹਚਲੁ ਜਿਨ ਰਾਮ ਨਾਮੁ ਆਧਾਰੁ॥੪॥੬॥ {ਪੰਨਾ 1200}

ਪਦਅਰਥ:- ਮਨ—ਹੇ ਮਨ! ਸਾਰੁ—ਸ੍ਰੇਸ਼ਟ (ਕੰਮ)। ਥਿਰੁ—ਟਿਕਵਾਂ। ਨਿਹਫਲ—ਵਿਅਰਥ। ਬਿਸਥਾਰੁ—ਖਿਲਾਰਾ।1। ਰਹਾਉ।

ਕਿਆ ਲੀਜੈ—ਕੁਝ ਭੀ ਆਪਣਾ ਨਹੀਂ ਬਣਾਇਆ ਜਾ ਸਕਦਾ। ਤਜੀਐ—ਛੱਡਿਆ ਜਾ ਸਕਦਾ। ਬਉਰੇ—ਹੇ ਕਮਲੇ! ਛਾਰੁ—ਸੁਆਹ, ਨਾਸਵੰਤ। ਬਿਖਿਆ—ਮਾਇਆ। ਸਾ—ਉਹ ਮਾਇਆ। ਸਿਰਿ—ਸਿਰ ਉੱਤੇ।1।

ਅਉਧ—ਉਮਰ। ਘਾਟੈ—ਘਟਦੀ ਜਾ ਰਹੀ ਹੈ। ਗਵਾਰੁ—ਮੂਰਖ। ਜਿ—ਜਿਹੜਾ। ਸਾਕਤ—ਪਰਮਾਤਮਾ ਨਾਲੋਂ ਟੁੱਟਾ ਹੋਇਆ ਮਨੁੱਖ। ਆਚਾਰੁ—ਕਰਤੱਬ।2।

ਕੈ ਸੰਗਿ—ਦੇ ਨਾਲ। ਤਉ—ਤਦੋਂ। ਮੋਖ ਦੁਆਰੁ—(ਮਾਇਆ ਦੇ ਮੋਹ ਤੋਂ) ਖ਼ਲਾਸੀ ਦਾ ਦਰਵਾਜ਼ਾ। ਕਿਨੈ—ਕਿਸੇ ਨੇ ਭੀ। ਜਾਇ—ਜਾ ਕੇ।3।

ਰਾਣਾ—ਰਾਜਾ। ਰਾਉ—ਅਮੀਰ। ਸਭੈ ਕੋਊ—ਹਰ ਕੋਈ। ਪਾਸਾਰੁ—ਪਸਾਰਾ। ਨਿਹਚਲੁ—ਅਡੋਲ-ਚਿੱਤ। ਆਧਾਰੁ—ਆਸਰਾ।4।

ਅਰਥ:- ਹੇ (ਮੇਰੇ) ਮਨ! ਪਰਮਾਤਮਾ ਦਾ ਨਾਮ ਜਪਿਆ ਕਰ, ਪਰਮਾਤਮਾ ਦਾ ਨਾਮ ਪੜ੍ਹਿਆ ਕਰ, (ਇਹੀ) ਸ੍ਰੇਸ਼ਟ (ਕੰਮ ਹੈ)। ਹੇ ਮਨ! ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ (ਇਥੇ) ਸਦਾ ਕਾਇਮ ਰਹਿਣ ਵਾਲਾ ਨਹੀਂ ਹੈ। ਹੋਰ ਸਾਰਾ ਖਿਲਾਰਾ ਐਸਾ ਹੈ ਜਿਸ ਤੋਂ (ਆਤਮਕ ਜੀਵਨ ਵਾਸਤੇ) ਕੋਈ ਫਲ ਨਹੀਂ ਮਿਲਦਾ।1। ਰਹਾਉ।

ਹੇ ਕਮਲੇ ਮਨ! ਜੋ ਕੁਝ (ਜਗਤ ਵਿਚ) ਦਿੱਸ ਰਿਹਾ ਹੈ ਉਹ (ਸਭ) ਨਾਸਵੰਤ ਹੈ, ਇਸ ਵਿਚੋਂ ਨਾਹ ਕੁਝ ਆਪਣਾ ਬਣਾਇਆ ਜਾ ਸਕਦਾ ਹੈ ਨਾਹ ਛੱਡਿਆ ਜਾ ਸਕਦਾ ਹੈ। ਹੇ ਕਮਲੇ! ਜਿਸ ਮਾਇਆ ਨੂੰ ਤੂੰ ਆਪਣੀ ਸਮਝੀ ਬੈਠਾ ਹੈਂ, ਉਹ ਤਾਂ ਛੱਡ ਜਾਹਿੰਗਾ, (ਉਸ ਦੀ ਖ਼ਾਤਰ ਕੀਤੇ ਪਾਪਾਂ ਦਾ) ਭਾਰ ਹੀ ਆਪਣੇ ਸਿਰ ਉੱਤੇ (ਲੈ ਜਾਹਿੰਗਾ)।1।

ਹੇ ਭਾਈ! ਰਤਾ ਰਤਾ ਕਰ ਕੇ ਪਲ ਪਲ ਕਰ ਕੇ ਉਮਰ ਘਟਦੀ ਜਾਂਦੀ ਹੈ, ਪਰ ਮੂਰਖ ਮਨੁੱਖ (ਇਹ ਗੱਲ) ਸਮਝ ਨਹੀਂ ਸਕਦਾ, (ਮੂਰਖ) ਉਹੀ ਕੁਝ ਕਰਦਾ ਰਹਿੰਦਾ ਹੈ ਜੋ (ਅੰਤ ਵੇਲੇ) ਇਸ ਦੇ ਨਾਲ ਨਹੀਂ ਜਾਂਦਾ। ਪਰਮਾਤਮਾ ਨਾਲੋਂ ਟੁੱਟੇ ਮਨੁੱਖ ਦਾ ਸਦਾ ਇਹੀ ਕਰਤੱਬ ਰਹਿੰਦਾ ਹੈ।2।

ਹੇ ਕਮਲੇ! ਸੰਤ ਜਨਾਂ ਨਾਲ ਮਿਲ ਬੈਠਿਆ ਕਰ, ਤਦੋਂ ਹੀ ਤੂੰ (ਮਾਇਆ ਦੇ ਮੋਹ ਤੋਂ) ਖ਼ਲਾਸੀ ਦਾ ਦਰਵਾਜ਼ਾ ਲੱਭ ਸਕੇਂਗਾ। ਬੇਸ਼ੱਕ ਵੇਦ (ਆਦਿਕ ਹੋਰ ਧਰਮ-ਪੁਸਤਕਾਂ) ਦਾ ਭੀ ਵਿਚਾਰ ਜਾ ਕੇ ਪੁੱਛ ਵੇਖੋ (ਸਭ ਇਹੀ ਦੱਸਣਗੇ ਕਿ) ਸਾਧ ਸੰਗਤਿ ਤੋਂ ਬਿਨਾ ਕਿਸੇ ਨੇ ਭੀ ਆਤਮਕ ਆਨੰਦ ਨਹੀਂ ਲੱਭਾ।3।

ਹੇ ਭਾਈ! ਕੋਈ ਰਾਜਾ ਹੋਵੇ ਪਾਤਿਸ਼ਾਹ ਹੋਵੇ, ਹਰ ਕੋਈ (ਇਥੋਂ ਆਖ਼ਰ) ਤੁਰ ਪੈਂਦਾ ਹੈ, ਇਸ ਨਾਸਵੰਤ ਜਗਤ-ਖਿਲਾਰੇ ਨੂੰ ਛੱਡ ਜਾਂਦਾ ਹੈ। ਹੇ ਨਾਨਕ! ਪਰਮਾਤਮਾ ਦਾ ਨਾਮ ਜਿਨ੍ਹਾਂ ਨੇ ਆਪਣੇ ਜੀਵਨ ਦਾ ਆਸਰਾ ਬਣਾਇਆ ਹੈ ਉਹ ਸੰਤ ਜਨ (ਇਸ ਮੋਹਨੀ ਮਾਇਆ ਦੇ ਪਸਾਰੇ ਵਿਚ) ਅਡੋਲ-ਚਿੱਤ ਰਹਿੰਦੇ ਹਨ।4।6।